# ਭਾਰਤ ਨੇ ਕੈਨੇਡੀਅਨ ਨੇਤਾਵਾਂ ਦੀ ਹਾਜ਼ਰੀ ਵਿੱਚ ਇੱਕ ਜਨਤਕ ਪ੍ਰੋਗਰਾਮ ਵਿੱਚ 'ਖਾਲਿਸਤਾਨ" ਦੇ ਨਾਅਰਿਆਂ ਦਾ ਜ਼ੋਰਦਾਰ ਵਿਰੋਧ ਕੀਤਾ

ਅਪ੍ਰੈਲ 29, 2024

ਕੈਨੇਡਾ ਦੇ ਪ੍ਰਧਾਨ ਮੰਤਰੀ ਵੱਲੋਂ, ਨਿੱਜੀ ਤੌਰ 'ਤੇ ਸੰਬੋਧਨ ਕੀਤੇ ਜਾ ਰਹੇ ਇੱਕ ਪ੍ਰੋਗਰਾਮ ਵਿੱਚ, 'ਖਾਲਿਸਤਾਨ' ਬਾਰੇ ਵੱਖਵਾਦੀ ਨਾਅਰਿਆਂ ਦੇ ਸਬੰਧ ਵਿੱਚ ਕੈਨੇਡਾ ਦੇ ਡਿਪਟੀ ਹਾਈ ਕਮਿਸ਼ਨਰ ਨੂੰ, ਅੱਜ ਵਿਦੇਸ਼ ਮੰਤਰਾਲੇ ਕੋਲ ਤਲਬ ਕੀਤਾ ਗਿਆ।

ਇਸ ਪ੍ਰੋਗਰਾਮ ਦੇ ਵਿੱਚ, ਪ੍ਰੇਸ਼ਾਨ ਕਰਨ ਵਾਲੀਆਂ ਅਜਿਹੀਆਂ ਕਾਰਵਾਈਆਂ ਨੂੰ ਬਿਨਾਂ ਕਿਸੇ ਰੋਕ-ਟੋਕ ਦੇ ਜਾਰੀ ਰੱਖਣ ਦੀ ਆਗਿਆ ਦਿੱਤੇ ਜਾਣ 'ਤੇ, ਭਾਰਤ ਸਰਕਾਰ ਵਲੋਂ ਡੂੰਘੀ ਚਿੰਤਾ ਅਤੇ ਸਖਤ ਵਿਰੋਧ ਜ਼ਾਹਰ ਕੀਤਾ ਗਿਆ। ਇਹ ਇੱਕ ਵਾਰ ਫਿਰ ਕੈਨੇਡਾ ਵਿੱਚ ਵੱਖਵਾਦ, ਕੱਟੜਵਾਦ ਅਤੇ ਹਿੰਸਾ ਨੂੰ, ਦਿੱਤੀ ਗਈ ਰਾਜਨੀਤਿਕ ਜਗ੍ਹਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੇ ਨਿਰੰਤਰ ਪ੍ਰਗਟਾਵੇ ਨਾ ਸਿਰਫ ਭਾਰਤ-ਕੈਨੇਡਾ ਦੇ ਸਬੰਧਾਂ 'ਤੇ ਅਸਰ ਪਾਉਂਦੇ ਹਨ ਬਲਕਿ ਕੈਨੇਡਾ ਵਿੱਚ ਹਿੰਸਾ ਅਤੇ ਅਪਰਾਧ ਦੇ ਮਾਹੌਲ ਨੂੰ ਵੀ ਉਤਸ਼ਾਹਿਤ ਕਰਦੇ ਹਨ ਜਿਸ ਨਾਲ ਇਸਦੇ ਆਪਣੇ ਨਾਗਰਿਕਾਂ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ।

**ਨਵੀਂ ਦਿੱਲੀ**
**ਅਪ੍ਰੈਲ 29, 2024**